# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 16-06-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ, 18 ਜੂਨ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ, 9 ਕਰੋੜ 3 ਲੱਖ ਕਿਸਾਨਾਂ ਦੇ ਖਾਤਿਆਂ ਵਿੱਚ, ਕਰੀਬ 20 ਹਜ਼ਾਰ ਕਰੋੜ ਰੁਪਏ ਟਰਾਂਸਫਰ ਕਰਨਗੇ । ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਸਾਰੇ ਮੁੱਖ ਮੰਤਰੀਆਂ ਨੂੰ, 18 ਜੂਨ ਨੂੰ ਹੋ ਰਹੇ, ਪ੍ਰਧਾਨ ਮੰਤਰੀ ਦੇ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਪੱਤਰ ਲਿਖਿਆ ਏ । ਖੇਤੀਬਾੜੀ ਮੰਤਰੀ ਨੇ ਕਿਹਾ ਕਿ ਨਵੀਂ ਸਰਕਾਰ ਦੀ 100 ਦਿਨਾਂ ਯੋਜਨਾ ਤਹਿਤ, ਮੰਤਰਾਲੇ ਦੀ ਕਾਰਜ ਯੋਜਨਾ ਦੀ ਸਮੀਖਿਆ ਕੀਤੀ ਗਈ ਏ ।

---------------------------------------------------------

ਵੰਦੇ ਭਾਰਤ ਦੇ ਸਲੀਪਰ ਸ਼੍ਰੇਣੀ ਦਾ ਪਰੀਖਣ ਅਗਲੇ ਦੋ ਮਹੀਨਿਆਂ ਵਿੱਚ ਸ਼ੁਰੂ ਹੋਵੇਗਾ। ਫਿਲਹਾਲ ਵੰਦੇ ਭਾਰਤ ਐਕਸਪ੍ਰੈੱਸ 'ਚ ਸਿਰਫ ਕੁਰਸੀ ਦੀ

ਸਹੂਲਤ ਏ । ਰੇਲ ਮੰਤਰੀ ਅਸ਼ਵਿਨੀ ਵੈਸ਼ਨਵ  ਨੇ ਕਿਹਾ ਕਿ ਵੰਦੇ ਭਾਰਤ ਸਲੀਪਰ ਸ਼੍ਰੇਣੀ ਦੀ ਮੰਗ ਲਗਾਤਾਰ ਵਧ ਰਹੀ ਏ । ਇਹ ਭਾਰਤ ਦੀ ਪਹਿਲੀ ਸਵਦੇਸ਼ੀ ਅਰਧ-ਉੱਚ ਰਫਤਾਰ  ਰੇਲਗੱਡੀ ਏ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ, 35 ਹਜ਼ਾਰ ਕਿਲੋ-ਮੀਟਰ ਰੇਲਵੇ ਲਾਈਨਾਂ ਵਿਛਾਈਆਂ ਗਈਆਂ ਨੇ ।

-------------------------------------------------------

ਕੌਮੀ ਅਪਰਾਧ ਰਿਕਾਰਡ ਬਿਊਰੋ NCRB ਨੇ ਇੱਕ ਮੋਬਾਈਲ ਐਪ "ਅਪਰਾਧਿਕ ਕਾਨੂੰਨਾਂ ਦਾ NCRB ਸੰਕਲਨ" ਜਾਰੀ ਕੀਤੀ ਏ । ਇਸ ਐਪ ਵਿਚ ਨਵੇਂ ਅਪਰਾਧਿਕ ਕਾਨੂੰਨਾਂ ਭਾਰਤੀ ਨਯਾਯ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ ਦੀ ਜਾਣਕਾਰੀ  ਏ । ਇਹ ਐਪ ਗੂਗਲ ਪਲੇ ਸਟੋਰ ਦੇ ਨਾਲ-ਨਾਲ, ਐਪਲ ਐਪ ਸਟੋਰ 'ਤੇ ਵੀ ਉਪਲਬਧ ਏ ।  ਇਹ ਐਪ ਆਮ ਲੋਕਾਂ, ਅਦਾਲਤੀ ਅਧਿਕਾਰੀਆਂ, ਵਕੀਲਾਂ, ਕਾਨੂੰਨ ਦੇ ਵਿਦਿਆਰਥੀਆਂ ਦੇ ਨਾਲ-ਨਾਲ ਪੁਲਿਸ ਅਧਿਕਾਰੀਆਂ ਲਈ ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਆਪਣੇ ਗਿਆਨ ਨੂੰ ਵਧਾਉਣ ਲਈ

ਲਾਭਦਾਇਕ ਏ। ਇਹ ਐਪ ਇਕੋ ਥਾਂ 'ਤੇ ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਪੂਰੀ ਜਾਣਕਾਰੀ ਪ੍ਰਦਾਨ ਕਰਨ ਲਈ, ਇੱਕ ਵਿਆਪਕ ਮਾਰਗ ਦਰਸ਼ਕ ਵਜੋਂ ਕੰਮ ਕਰਦੀ ਏ। ਇਸਤੋਂ ਇਲਾਵਾ ਤੁਰੰਤ ਜਾਣਕਾਰੀ ਪ੍ਰਾਪਤੀ ਲਈ ਖੋਜ ਅਤੇ ਲਿੰਕ ਕਰਨ ਦੀ ਸਹੂਲਤ ਦੇ ਨਾਲ-ਨਾਲ ਪੁਰਾਣੇ ਅਤੇ ਨਵੇਂ ਕਾਨੂੰਨਾਂ ਵਿਚਕਾਰ, ਸੈਕਸ਼ਨ ਮੁਤਾਬਿਕ ਤੁਲਨਾ ਕਰਨ ਲਈ ਇੱਕ ਚਾਰਟ ਵੀ ਮੁਹਈਆ ਕਰਦੀ ਏ।ਇਸ ਐਪ ਨੂੰ ਕਨੈਕਟੀਵਿਟੀ ਦੀ ਅਣਹੋਂਦ ਵਿੱਚ ਵੀ ਔਫਲਾਈਨ ਢੰਗ ਨਾਲ ਵੀ, ਕੰਮ ਕਰਨ ਲਈ ਤਿਆਰ ਕੀਤਾ ਗਿਆ ਏ। ਇਸ ਦੇ ਖਪਤਕਾਰ-ਅਨੁਕੂਲ ਡਿਜ਼ਾਈਨ, ਵਿਆਪਕ ਸਮੱਗਰੀ ਅਤੇ ਨਵੀਆਂ ਵਿਸ਼ੇਸ਼ਤਾਵਾਂ ਦੇ ਨਾਲ, ਐਪ ਵਰਤਣ ਵਾਲਿਆਂ ਨੂੰ, ਨਵੇਂ ਕਾਨੂੰਨਾਂ ਬਾਰੇ ਪ੍ਰਭਾਵਸ਼ਾਲੀ ਢੰਗ ਨਾਲ ਸਿੱਖਣ ਲਈ ਸਮਰੱਥ ਬਣਾਉਂਦੀ ਏ।

--------------------------------------------------------------

ਇਸ ਵਾਰ 21 ਜੂਨ ਨੂੰ ਕੌਮਾਤਰੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਜ਼ਿਲਾ ਹੁਸ਼ਿਆਰਪੁਰ ਤੇ

ਮੁਕਤਸਰ ਤੋਂ ਯੋਗ ਮਾਹਰਾਂ ਨੇ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾ ਕੇ ਜ਼ਿੰਦਗੀ ਨੂੰ ਸੁਖਾਲਾ ਬਣਾਉਣ ਦੀ ਅਪੀਲ ਕੀਤੀ ।

---------------------------------------------------------------

ਮੋਹਾਲੀ ਸਥਿਤ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਦੀਆਂ ਦੋ ਕੈਡਿਟ ਹਰੂਪ ਕੌਰ ਅਤੇ ਨਿਵੇਦਿਤਾ ਸੈਣੀ, ਹਵਾਈ ਫੌਜ ਅਕਾਦਮੀ, ਡੁੰਡੀਗਲ ਹੈਦਰਾਬਾਦ ਤੋਂ ਸਫਲਤਾ-ਪੂਰਵਕ ਪਾਸ ਹੋਣ ਉਪਰੰਤ ਕੱਲ ਭਾਰਤੀ ਹਵਾਈ ਸੈਨਾ ਵਿੱਚ ਫ਼ਲਾਇੰਗ ਅਫ਼ਸਰ ਵਜੋਂ ਸ਼ਾਮਲ ਹੋ ਗਈਆਂ ਨੇ। ਪਾਸਿੰਗ ਆਊਟ ਪਰੇਡ ਦਾ ਨਿਰੀਖਣ, ਚੀਫ਼ ਆਫ਼ ਏਅਰ ਸਟਾਫ, ਏਅਰ ਚੀਫ਼ ਮਾਰਸ਼ਲ, ਵਿਵੇਕ ਰਾਮ ਚੌਧਰੀ ਨੇ ਕੀਤਾ । ਮੋਹਾਲੀ ਜ਼ਿਲ੍ਹੇ ਵਿੱਚ ਤੈਨਾਤ ਹੈੱਡ ਕਾਂਸਟੇਬਲ ਭਗਵੰਤ ਸਿੰਘ ਦੀ ਧੀ ਫ਼ਲਾਇੰਗ ਅਫ਼ਸਰ ਹਰੂਪ ਕੌਰ ਐਜੂਕੇਸ਼ਨ ਬ੍ਰਾਂਚ ਵਿੱਚ ਸ਼ਾਮਲ ਹੋਵੇਗੀ। ਪਠਾਨਕੋਟ ਜ਼ਿਲ੍ਹੇ ਦੀ ਰਹਿਣ ਵਾਲੀ ਫਲਾਇੰਗ ਅਫ਼ਸਰ ਨਿਵੇਦਿਤਾ ਸੈਣੀ ਹਵਾਈ ਸੈਨਾ ਦੀ ਲਾਜਿਸਟਿਕ ਬ੍ਰਾਂਚ ਵਿਚ ਸ਼ਾਮਲ ਹੋਵੇਗੀ । ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ

ਦੋਵੇਂ ਕੈਡਿਟਾਂ ਨੂੰ ਉਨ੍ਹਾਂ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਸਫ਼ਲਤਾ ਯਕੀਨੀ ਤੌਰ 'ਤੇ ਪੰਜਾਬ ਦੀਆਂ ਹੋਰ ਧੀਆਂ ਨੂੰ ਵੀ ਰੱਖਿਆ ਸੇਵਾਵਾਂ ਵਿੱਚ ਭਵਿੱਖ ਬਣਾਉਣ ਦੇ ਮੌਕੇ ਤਲਾਸ਼ਣ ਲਈ ਪ੍ਰੇਰਿਤ ਕਰੇਗੀ।

---------------------------------------------------------------

ਕ੍ਰਿਕਟ ਦੇ ਟੀ-20 ਵਿਸ਼ਵ ਕੱਪ 'ਚ ਕੱਲ੍ਹ ਭਾਰਤ ਅਤੇ ਕੈਨੇਡਾ ਵਿਚਾਲੇ ਮੈਚ, ਮੀਂਹ ਕਾਰਨ ਰੱਦ ਹੋ ਗਿਆ। ਮੈਚ ਵਿੱਚ ਇੱਕ ਵੀ ਗੇਂਦ ਨਹੀਂ ਸੁੱਟੀ ਜਾ ਸਕੀ ਅਤੇ ਦੋਵਾਂ ਟੀਮਾਂ ਨੂੰ ਇੱਕ-ਇੱਕ ਅੰਕ ਮਿਲਿਆ। ਭਾਰਤ ਮੁਕਾਬਲੇ ਵਿੱਚ 7 ਅੰਕਾਂ ਨਾਲ ਆਪਣੇ ਗਰੁੱਪ ਵਿੱਚ ਸਿਖਰ ’ਤੇ ਰਿਹਾ। ਕੈਨੇਡਾ ਦੀ ਟੀਮ ਮੁਕਾਬਲੇ ਤੋਂ ਬਾਹਰ ਹੋ ਗਈ ਏ।